Dispatch No I/24642/2020

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਕਾਨਪੁਰ(ਯੂ ਪੀ) ਦੇ 173 ਲੋਕ ਫਰੀਦਕੋਟ ਤੋਂ ਵਿਸ਼ੇਸ਼ ਬੱਸਾਂ ਰਾਹੀਂ ਰੇਲਵੇ ਸਟੇਸ਼ਨ ਫਿਰੋਜਪੁਰ ਲਈ ਰਵਾਨਾ

ਫਿਰੋਜ਼ਪੁਰ ਤੋਂ ਸਪੈਸ਼ਲ ਟਰੇਨ ਰਾਹੀਂ ਕਾਨਪੁਰ (ਯੂ ਪੀ) ਦੇ ਸਟੇਸ਼ਨ ਤੱਕ ਜਾਣਗੇ

ਜ਼ਿਲ੍ਹਾ ਅਧਿਕਾਰੀਆਂ ਨੇ ਕਾਨਪੁਰ(ਯੂ ਪੀ) ਦੇ ਲੋਕਾਂ ਦੇ ਚੰਗੇ ਸਫ਼ਰ ਲਈ ਕਾਮਨਾ ਕਰਕੇ ਰਵਾਨਾ ਕੀਤਾ।

ਵਾਪਸ ਜਾ ਰਹੇ ਮਜ਼ਦੂਰਾਂ ਨੇ ਜ਼ਿਲ੍ਹਾ ਪ੍ਰਸ਼ਾਸਨ/ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

ਜ਼ਿਲਾ ਪ੍ਰਸ਼ਾਸਨ ਵੱਲੋਂ ਕਾਨਪੁਰ(ਯੂ ਪੀ) ਦੇ ਜਾ ਰਹੇ ਲੋਕਾਂ ਨੂੰ ਦੋ ਵਕਤ ਦਾ ਖਾਣਾ ਅਤੇ ਸੁੱਕੀ ਰਸਦ ਸਫ਼ਰ ਲਈ ਦਿੱਤੀ

ਫਰੀਦਕੋਟ 14 ਮਈ ( ) ਪੰਜਾਬ ਸਰਕਾਰ ਵੱਲੋਂ ਰਾਜ ਵਿਚ ਦੂਜੇ ਰਾਜਾਂ ਦੇ ਵਸਨੀਕਾਂ ਜੋ ਕਿ ਕਰਫਿਊ ਜਾਂ ਲਾਕਡਾਊਨ ਦੌਰਾਨ ਜ਼ਿਲੇ ਵਿਚ ਫਸ ਗਏ ਸਨ ਉਨਾਂ ਨੂੰ ਉਨਾਂ ਦੇ ਗ੍ਰਹਿ ਰਾਜਾਂ ਵਿਚ ਵਾਪਿਸ ਭੇਜਣ ਲਈ ਵੱਡੀ ਪੱਧਰ ਤੇ ਮੁਹਿੰਮ ਸ਼ੁਰੂ ਕੀਤੀ ਹੋਈ ਹੈ।ਜਿਸ ਤਹਿਤ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਦੀ ਅਗਵਾਈ ਹੇਠ ਜ਼ਿਲਾ ਪ੍ਰਸ਼ਾਸਨ ਵੱਲੋਂ ਫਰੀਦਕੋਟ ਜ਼ਿਲੇ ਵਿਚ ਯੂ ਪੀ ਰਾਜ ਨਾਲ ਸਬੰਧਤ ਵੱਡੀ ਗਿਣਤੀ ਵਿਚ ਉਥੋ ਦੇ ਵਸਨੀਕਾਂ ਨੂੰ ਉਨਾਂ ਦੇ ਪਿੱਤਰੀ ਰਾਜ ਵਿਚ ਵਾਪਸ ਭੇਜਿਆ ਜਾ ਰਿਹਾ ਹੈ।

ਉਪਮੰਡਲ ਮੈਜਿਸਟਰੇਟ ਸ੍ਰੀ ਪਰਮਦੀਪ ਸਿੰਘ ਵਲੋਂ ਅੱਜ ਇਥੋਂ ਦੇ ਬੱਸ ਸਟੈਂਡ ਤੋਂ ਪੀ ਆਰ ਟੀ ਸੀ ਦੀਆਂ 6 ਬੱਸਾਂ ਵਿਚ ਝਾਰਖੰਡ ਨਾਲ ਸਬੰਧਿਤ 173 ਲੋਕਾਂ ਨੂੰ ਫਿਰੋਜ਼ਪੁਰ ਲਈ ਰਵਾਨਾ ਕੀਤਾ ਗਿਆ ਜਿਥੋਂ ਕਾਨਪੁਰ(ਯੂ ਪੀ) ਲਈ ਸਪੈਸ਼ਲ ਰੇਲ ਗੱਡੀ ਸ਼ਾਮ 7 ਵਜੇ ਰਵਾਨਾ ਹੋਵੇਗੀ।

ਉਪਮੰਡਲ ਮੈਜਿਸਟਰੇਟ ਸ੍ਰੀ ਪਰਮਦੀਪ ਸਿੰਘ ਨੇ ਇਸ ਮੌਕੇ ਦੱਸਿਆ ਕਿ ਇਨਾਂ ਮਜ਼ਦੂਰਾਂ ਵੱਲੋਂ ਪੰਜਾਬ ਸਰਕਾਰ ਦੀ ਵੈਬ-ਸਾਈਟ ਤੇ ਆਪਣੇ ਆਪ ਨੂੰ ਰਜਿਸਟਰਡ ਕੀਤਾ ਗਿਆ ਸੀ ਜਾਂ ਸਬੰਧਤ ਐਸ ਡੀ ਐਮ ਦਫਤਰ ਵਿਚ ਇਸ ਸਬੰਧੀ ਅਰਜ਼ੀ ਦਿੱਤੀ ਸੀ ।ਜਿਸ ਉਪਰੰਤ ਸਿਹਤ ਵਿਭਾਗ ਦੀਆ ਵੱਖ ਵੱਖ ਟੀਮਾਂ ਵੱਲੋਂ ਇਨਾਂ ਦੀ ਥਰਮਲ ਸਕਰੀਨਿੰਗ ਤੋਂ ਇਲਾਵਾ ਸਿਹਤ ਜਾਂਚ ਕੀਤੀ ਗਈ ਅਤੇ ਇਹ ਸਾਰੇ ਹੀ 173 ਲੋਕ ਮੈਡੀਕਲ ਫਿੱਟ ਪਾਏ ਗਏ। ਉਨਾਂ ਦੱਸਿਆ ਕਿ ਅੱਜ ਸਵੇਰੇ ਫਰੀਦਕੋਟ,ਕੋਟਕਪੂਰਾ ਅਤੇ ਜੈਤੋ ਨਾਲ ਸਬੰਧਤ ਇਨਾਂ ਲੋਕਾਂ ਨੂੰ ਜੋ ਕਿ ਕਾਨਪੁਰ(ਯੂ ਪੀ) ਦੇ ਵਸਨੀਕ ਸਨ ਨੂੰ ਬੱਸ ਸਟੈਂਡ ਫਰੀਦਕੋਟ ਵਿਖੇ ਇੱਕਠਾ ਕੀਤਾ ਗਿਆ ਅਤੇ ਇਨਾਂ ਨੂੰ ਸਵੇਰੇ ਬਰੇਕ ਫਾਸਟ ਕਰਵਾਇਆ ਗਿਆ ਅਤੇ ਉਸ ਉਪਰੰਤ ਦੁਪਹਿਰ ਦਾ ਖਾਣਾ ਅਤੇ ਹੋਰ ਸੁੱਕਾ ਰਾਸ਼ਨ ਇਨਾਂ ਨੂੰ ਨਾਲ ਦਿੱਤਾ ਗਿਆ। ਉਨ੍ਹਾਂ ਨੇ ਇਨਾਂ ਸਮੂਹ ਝਾਰਖੰਡ ਦੇ ਨਾਗਰਿਕਾਂ ਨੂੰ ਇਥੋ ਰਵਾਨਾ ਕੀਤਾ ਅਤੇ ਉਨਾਂ ਦੇ ਚੰਗੇ ਸਫਰ ਲਈ ਸੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਵੱਡੀ ਗਿਣਤੀ ਵਿਚ ਮਜ਼ਦੂਰਾਂ ਨੇ ਦੱਸਿਆ ਕਿ ਉਹ ਕਰਫਿਊ ਤੇ ਲਾਕਡਾਊਨ ਕਾਰਨ ਆਪਣੇ ਘਰ ਵਾਪਸ ਜਾ ਰਹੇ ਹਨ ਅਤੇ ਜਦੋਂ ਵੀ ਹਾਲਾਤ ਆਮ ਵਰਗੇ ਹੋ ਗਏ ਤਾਂ ਉਹ ਵਾਪਸ ਫਰੀਦਕੋਟ ਆ ਕੇ ਆਪਣੇ ਕੰਮ ਕਾਰ ਵਿਚ ਫਿਰ ਜੁਟ ਜਾਣਗੇ।ਮਜਦੂਰਾਂ ਵੱਲੋਂ ਪੰਜਾਬ ਸਰਕਾਰ ਤੇ ਜ਼ਿਲਾ ਪ੍ਰਸ਼ਾਸਨ ਫਰੀਦਕੋਟ ਵੱਲੋਂ ਉਨਾਂ ਨੂੰ ਵਾਪਸ ਉਨਾਂ ਦੇ ਰਾਜ ਵਿਚ ਭੇਜਣ ਅਤੇ ਉਨਾਂ ਨੂੰ ਸਫਰ ਦੀਆਂ ਹੋਰ ਸੁੱਖ ਸਹੂਲਤਾਂ ਪ੍ਰਦਾਨ ਕਰਨ ਲਈ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਤੇ ਸਮੂਹ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਤਹਿਸੀਲਦਾਰ ਪਰਮਜੀਤ ਸਿੰਘ ਬਰਾੜ ਤੋਂ ਇਲਾਵਾ ਹੋਰ ਗਿਣਤੀ ਵਿਚ ਅਧਿਕਾਰੀ ਹਾਜ਼ਰ ਸਨ।

Dispatch No

I/24555/2020

---

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਬਲਾਕ ਦੀਆਂ 196 ਆਂਗਣਵਾੜੀ ਵਰਕਰਾਂ ਤੇ 147 ਹੈਲਪਰਾਂ ਦੀ ਕੀਤੀ ਮੈਡੀਕਲ ਸਕਰੀਨਿੰਗ

ਫਰੀਦਕੋਟ 14 ਮਈ ( ) ਡਾਇਰੈਕਟਰ ਸੋਸ਼ਲ ਸਕਿਊਰਟੀ ਐਂਡ ਚਾਈਲਡ ਡਿਵੈਲਪਮੈਂਟ ,ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਤੇ ਸਿਵਲ ਸਰਜਨ ਡਾ. ਰਜਿੰਦਰ ਕੁਮਾਰ ਦੀ ਯੋਗ ਅਗਵਾਈ ਹੇਠ ਪੀ.ਐਚ.ਸੀ ਜੰਡ ਸਾਹਿਬ ਦੇ ਮੈਡੀਕਲ ਅਤੇ ਪੈਰਾ-ਮੈਡੀਕਲ ਸਟਾਫ ਵੱਲੋਂ ਬਲਾਕ ਦੀਆਂ 196 ਆਂਗਣਵਾੜੀ ਵਰਕਰਾਂ ਤੇ 147 ਹੈਲਪਰਾਂ ਦੀ ਮੈਡੀਕਲ ਸਕਰੀਨਿੰਗ ਕੀਤੀ ਗਈ।

ਬਲਾਕ ਦੇ ਸੀਨੀਅਰ ਮੈਡੀਕਲ ਅਫਸਰ ਡਾ.ਰਜੀਵ ਭੰਡਾਰੀ ਨੇ ਦੱਸਿਆ ਕਿ ਬਲਾਕ ਦੇ ਸੀ.ਡੀ.ਪੀ.ਓ ਨਾਲ ਰਾਬਤਾ ਕਾਇਮ ਕਰਕੇ ਪਿੰਡ ਅਤੇ ਸਿਹਤ ਸੰਸਥਾ ਮੁਤਾਬਕ ਮੈਡੀਕਲ ਅਫਸਰ,ਸੀ.ਐਚ.ਓ ਅਤੇ ਏ.ਐਨ.ਐਮ ਨੂੰ ਆਪਸੀ ਤਾਲਮੇਲ ਨਾਲ ਆਂਗਣਵਾੜੀ ਵਰਕਰਾਂ ਅਤੇ ਆਂਗਣਵਾੜੀ ਹੈਲਪਰਾਂ ਦੀ ਮੈਡੀਕਲ ਸਕਰੀਨਿੰਗ ਕਰਨ ਦੀ ਡਿਊਟੀ ਲਗਾਈ ਸੀ ਅਤੇ ਹਦਾਇਤ ਕੀਤੀ ਗਈ ਸੀ ਕੋਈ ਵੀ ਇਸ ਸਕਰੀਨਿੰਗ ਤੋਂ ਵਾਂਝਾ ਨਾ ਰਹੇ।ਸਕਰੀਨਿੰਗ ਦੌਰਾਨ ਖੰਘ,ਜ਼ੁਕਾਮ ਜਾਂ ਫਲੂ ਵਰਗੇ ਲੱਛਣ ਹੋਣ ਤੇ ਜੇ ਲਗਦਾ ਹੈ ਕਿ ਸੈਂਪਲ ਭੇਜਣਾ ਹੈ ਤਾਂ ਉਸਨੂੰ ਤੁਰੰਤ ਹੀ ਨੇੜੇ ਦੇ ਫਲੂ ਕਾਰਨਰ ਵਿਖੇ ਭੇਜਿਆ ਜਾਵੇ।ਸਕਰੀਨਿੰਗ ਦੀ ਰਿਪੋਰਟ ਭੇਜਣ,ਨਿਗਰਾਨੀ ਤੇ ਸਹਿਯੋਗ ਲਈ ਮਾਸ ਮੀਡੀਆ ਅਫਸਰ ਡਾ.ਪ੍ਰਭਦੀਪ ਸਿੰਘ ਚਾਵਲਾ ਦੀ ਡਿਊਟੀ ਲਗਾਈ ਗਈ ਸੀ।

ਮੀਡੀਆ ਇੰਚਾਰਜ ਡਾ.ਪ੍ਰਭਦੀਪ ਸਿੰਘ ਚਾਵਲਾ ਨੇ ਦੱਸਿਆ ਕਿ ਬਲਾਕ ਦੇ ਹੈਲਥ ਸੁਪਰਵਾਈਜ਼ਰਾਂ ਤੋਂ ਪ੍ਰਾਪਤ ਹੋਈਆਂ ਅੰਕੜਿਆਂ ਮੁਤਾਬਕ ਬਲਾਕ ਦੀ ਰਿਪੋਰਟ ਤਿਆਰ ਕਰਕੇ ਭੇਜ ਦਿੱਤੀ ਗਈ ਹੈ, ਬਲਾਕ ਦੀਆਂ 196 ਆਂਗਣਵਾੜੀ ਵਰਕਰਾਂ ਤੇ 147 ਹੈਲਪਰਾਂ ਦੀ ਮੈਡੀਕਲ ਸਕਰੀਨਿੰਗ ਮੁਕੰਮਲ ਕਰ ਦਿੱਤੀ ਗਈ ਹੈ ਅਤੇ ਇਸ ਸਕਰੀਨਿੰਗ ਦੌਰਾਨ ਕੋਈ ਵੀ ਕੋਵਿਡ-19 ਦਾ ਲੱਛਣ ਕਿਸੇ ਵੀ ਵਰਕਰ ਜਾਂ ਹੈਲਪਰ ਵਿੱਚ ਨਹੀ ਪਾਇਆ ਗਿਆ।ਉਨਾਂ ਅਪੀਲ ਕੀਤੀ ਕਿ ਜੇ ਬਲਾਕ ਅਧੀਨ ਕੋਈ ਵੀ ਆਂਗਣਵਾੜੀ ਸਟਾਫ ਮੈਡੀਕਲ ਸਕਰੀਨਿੰਗ ਤੋਂ ਰਹਿ ਗਿਆ ਹੋਵੇ ਉਹ ਆਪਣੇ ਨੇੜੇ ਦੇ ਸਬ-ਸੈਂਟਰ ਸਟਾਫ ਨਾਲ ਸੰਪਰਕ ਕਰ ਸਕਦਾ ਹੈ।

ਸਕਰੀਨਿੰਗ ਸਬੰਧੀ ਸੁਪਰਵੀਜ਼ਨ ਕਰਦੇ ਹੋਏ ਐਸ.ਐਮ.ਓ ਡਾ.ਰਜੀਵ ਭੰਡਾਰੀ ਅਤੇ ਮੀਡੀਆ ਅਫਸਰ ਡਾ.ਪ੍ਰਭਦੀਪ ਸਿੰਘ ਚਾਵਲਾ।

Dispatch No I/24656/2020

ਦਫ਼ਤਰ ਜਿਲਾ  ਲੋਕ ਸੰਪਰਕ ਅਫਸਰ ਫਰੀਦਕੋਟ

ਫ਼ਰੀਦਕੋਟ ਸ਼ਹਿਰ ਦੀਆਂ ਅੱਠ ਕਲੋਨੀਆਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਲਈ ਤਿੰਨ ਹੋਰ ਬੋਰ ਕਰਵਾਏ ਜਾਣਗੇ - ਕੁਸ਼ਲਦੀਪ ਸਿੰਘ ਢਿੱਲੋਂ

ਇਨ੍ਹਾਂ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੇ ਬੋਰ ਪੁਰਾਣੇ ਹੋਣ ਕਾਰਨ ਪਾਣੀ ਸਪਲਾਈ ਵਿੱਚ ਆ ਰਹੀ ਹੈ ਦਿੱਕਤ

ਨਗਰ ਕੌਂਸਲ ਫਰੀਦਕੋਟ ਅਧੀਨ ਆਉਂਦੇ ਇਲਾਕਿਆਂ ਵਿਚ ਪੀਣ ਵਾਲੇ ਪਾਣੀ ਦੀ ਬਿਹਤਰ ਸਪਲਾਈ ਲਈ 8 ਕਰੋੜ ਰੁਪਏ ਤੋਂ ਵੱਧ ਖਰਚ ਕੀਤੇ ਜਾਣਗੇ

ਫ਼ਰੀਦਕੋਟ,14 ਮਈ -(          )

ਫ਼ਰੀਦਕੋਟ ਸ਼ਹਿਰ ਦੀਆਂ ਅੱਠ ਦੇ ਕਰੀਬ ਕਾਲੋਨੀਆਂ /ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਹੱਲ ਲਈ ਤਿੰਨ ਨਵੇਂ ਬੋਰ ਕਰਵਾਏ ਜਾ ਰਹੇ ਹਨ ਤਾਂ ਜੋ ਇਨ੍ਹਾਂ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਹੱਲ ਹੋ ਸਕੇ ।ਇਹ ਜਾਣਕਾਰੀ ਫਰੀਦਕੋਟ ਦੇ ਵਿਧਾਇਕ ਅਤੇ ਮੁੱਖ ਮੰਤਰੀ ਪੰਜਾਬ ਦੇ ਸਿਆਸੀ ਸਲਾਹਕਾਰ ਸ: ਕੁਸ਼ਲਦੀਪ ਸਿੰਘ ਢਿੱਲੋਂ ਨੇ ਦਿੱਤੀ ।

ਵਿਧਾਇਕ ਸ: ਕੁਸ਼ਲਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਫਰੀਦਕੋਟ ਸ਼ਹਿਰ ਦੀ ਟੀਚਰ ਕਾਲੋਨੀ ,ਕੀਰਤ ਨਗਰ ,ਗੁਰੂ ਤੇਗ਼ ਬਹਾਦਰ ਨਗਰ, ਅਮਨ ਨਗਰ ,ਜਰਮਨ ਕਾਲੋਨੀ ,ਦਸਮੇਸ਼ ਨਗਰ ,ਬਾਬਾ ਫ਼ਰੀਦ ਨਗਰ ,ਗੁਰੂ ਹਰਗੋਬਿੰਦ ਨਗਰ ਆਦਿ ਇਲਾਕਿਆਂ ਵਿੱਚ ਕੁਝ ਦਿਨਾਂ ਤੋਂ ਪੀਣ ਵਾਲੇ ਪਾਣੀ ਦੀ ਆ ਰਹੀ ਸਮੱਸਿਆ ਬਾਰੇ ਲੋਕਾਂ ਨੇ ਉਨ੍ਹਾਂ ਨੂੰ ਜਾਣੂ ਕਰਵਾਇਆ ਸੀ ।ਉਨ੍ਹਾਂ ਕਿਹਾ ਕਿ ਲੋਕਾਂ ਦੀ ਇਸ ਸਮੱਸਿਆ ਦੇ ਹੱਲ ਲਈ ਉਨ੍ਹਾਂ ਨੇ ਤੁਰੰਤ ਜਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ।ਉਨ੍ਹਾਂ ਦੱਸਿਆ ਕਿ ਇਨ੍ਹਾਂ ਇਲਾਕਿਆਂ ਵਿੱਚ ਪਹਿਲਾਂ ਪਾਣੀ ਦੀ ਸਪਲਾਈ ਲਈ ਤਿੰਨ ਬੋਰ ਅਤੇ ਵਾਟਰ ਵਰਕਸ ਰਾਹੀਂ  ਪਾਣੀ ਸਪਲਾਈ ਕੀਤਾ ਜਾਂਦਾ ਹੈ,ਪਰ ਬੋਰ  20 ਸਾਲ ਤੋਂ ਪੁਰਾਣੇ ਹੋਣ ਕਾਰਨ ਪਾਣੀ ਦੀ ਪੂਰੀ ਸਪਲਾਈ ਨਹੀਂ ਦੇ ਰਹੇ ।ਜਿਸ ਕਾਰਨ ਜਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਇੱਕ ਹਫ਼ਤੇ ਦੇ ਅੰਦਰ ਅੰਦਰ ਤਿੰਨ ਨਵੇਂ ਬੋਰ ਕਰਵਾ ਕੇ ਇਨ੍ਹਾਂ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਨਿਰੰਤਰ ਕੀਤੀ ਜਾਵੇ ।

ਸ: ਕੁਸ਼ਲਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਫ਼ਰੀਦਕੋਟ ਸ਼ਹਿਰ ਵਿੱਚ ਸੀਵਰੇਜ ,ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਸੜਕਾਂ ਦਾ ਕੰਮ ਦੁਬਾਰਾ ਸ਼ੁਰੂ ਕਰਵਾ ਦਿੱਤਾ ਗਿਆ ਹੈ ।ਉਨ੍ਹਾਂ ਇਹ ਵੀ ਦੱਸਿਆ ਕਿ ਜਲਦੀ ਹੀ ਫਰੀਦਕੋਟ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਪੱਕੇ ਹੱਲ ਲਈ ਨਵੇਂ ਵਾਟਰ

ਵਰਕਸਾਂ , ਪਾਈਪਾਂ ਤੇ ਅੱਠ ਕਰੋੜ ਰੁਪਏ ਖਰਚ ਕੀਤੇ ਜਾਣਗੇ ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਾਲਾਤ ਆਮ ਵਰਗੇ ਹੋਣ ਉਪਰੰਤ ਫ਼ਰੀਦਕੋਟ ਸ਼ਹਿਰ ਸਮੇਤ ਸਮੁੱਚੇ ਫ਼ਰੀਦਕੋਟ ਵਿਧਾਨ ਸਭਾ ਹਲਕੇ ਲਈ ਜੰਗੀ ਪੱਧਰ ਤੇ ਵਿਕਾਸ ਕਾਰਜ ਸ਼ੁਰੂ ਕੀਤੇ ਜਾਣਗੇ ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਰਫਿਊ ਦੌਰਾਨ ਸਰਕਾਰੀ ਨਿਯਮਾਂ ਦੀ ਪਾਲਣਾ ਕਰਨ ਅਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਆਪਣੇ ਘਰਾਂ ਵਿੱਚ ਹੀ ਰਹਿਣ ਅਤੇ ਕੰਮ ਤੋਂ ਬਿਨਾਂ ਬਾਹਰ ਨਾ ਨਿਕਲਣ ਤਾਂ ਜੋ ਕਰੋਨਾ ਵਰਗੀ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਿਆ ਜਾ ਸਕੇ।

Dispatch No I/24663/2020

ਦਫ਼ਤਰ ਜ਼ਿਲ•ਾ ਲੋਕ ਸੰਪਰਕ ਅਫ਼ਸਰ ਫ਼ਰੀਦਕੋਟ

-ਐਸ.ਐਸ.ਪੀ ਸ੍ਰੀ ਮਨਜੀਤ ਸਿੰਘ ਢੇਸੀ ਵੱਲੋਂ ਪੁਲੀਸ ਅਧਿਕਾਰੀਆਂ/ ਜਵਾਨਾਂ ਦੀ ਹੌਸਲਾ ਅਫਜ਼ਾਈ ਲਈ ਜੈਤੋ/ਬਾਜਾਖਾਨਾ ਦਾ ਦੌਰਾ

-ਪੁਲੀਸ ਨਾਕਿਆਂ ਤੇ ਜਾ ਕੇ ਅਧਿਕਾਰੀਆਂ ਤੇ ਜਵਾਨਾਂ ਨੂੰ ਕੀਤਾ ਸਨਮਾਨਿਤ

ਫ਼ਰੀਦਕੋਟ,14 ਮਈ (     )

ਸੀਨੀਅਰ ਪੁਲਿਸ ਕਪਤਾਨ ਸ੍ਰੀ ਮਨਜੀਤ ਸਿੰਘ ਢੇਸੀ ਵੱਲੋਂ ਕੋਵਿਡ-19 ਦੌਰਾਨ ਵਿਸ਼ੇਸ਼ ਸੇਵਾਵਾਂ ਨਿਭਾਉਣ ਵਾਲੇ ਪੁਲੀਸ ਮੁਲਾਜ਼ਮਾਂ ਅਧਿਕਾਰੀਆਂ ਦੀ ਹੌਸਲਾ ਅਫਜ਼ਾਈ ਲਈ ਫਰੀਦਕੋਟ ਜ਼ਿਲ•ੇ ਦਾ ਵਿਸ਼ੇਸ਼ ਦੌਰਾ ਕੀਤਾ ਗਿਆ ।ਇਸ ਮੌਕੇ ਐਸ.ਪੀ. ਸ. ਸੇਵਾ ਸਿੰਘ ਮੱਲੀ, ਏ.ਐਸ.ਪੀ ਸ੍ਰੀ ਮਹਿਤਾਬ ਸਿੰਘ ਤੋਂ ਇਲਾਵਾ ਪੁਲੀਸ ਵਿਭਾਗ ਦੇ ਅਧਿਕਾਰੀ ਅਤੇ ਪੁਲਿਸ ਕਰਮਚਾਰੀ ਵੀ ਹਾਜ਼ਰ ਸਨ ।
ਸੀਨੀਅਰ ਪੁਲਿਸ ਕਪਤਾਨ ਸ੍ਰੀ ਮਨਜੀਤ ਸਿੰਘ ਢੇਸੀ ਵੱਲੋਂ ਜੈਤੋ/ਬਾਜਾਖਾਨਾ ਦੇ ਵੱਖ ਵੱਖ ਪੁਲੀਸ ਨਾਕਿਆਂ ਤੇ ਡਿਊਟੀ ਨਿਭਾ ਰਹੇ ਪੰਜਾਬ ਪੁਲੀਸ ਦੇ ਅਧਿਕਾਰੀਆਂ /ਜਵਾਨਾਂ ,ਮਹਿਲਾ ਵਿੰਗ ਆਦਿ ਦੀ ਹੌਸਲਾ ਅਫਜਾਈ ਲਈ ਖੁਦ ਨਾਕਿਆਂ ਤੇ ਜਾ ਕੇ ਉਨ•ਾਂ ਨੂੰ ਸਨਮਾਨ ਪੱਤਰ ਦਿੱਤੇ ਅਤੇ ਇਸ ਤੋਂ ਇਲਾਵਾ ਉਨ•ਾਂ ਨੂੰ ਫਰੂਟ ,ਬਿਸਕੁਟ ,ਕੋਲਡ ਡਰਿੰਕ ਆਦਿ ਵੀ ਮੁਹੱਈਆ ਕਰਵਾਏ ਗਏ ।ਉਨ•ਾਂ ਪੁਲੀਸ ਨਾਕਿਆਂ ਤੇ ਡਿਊਟੀ ਦੇ ਰਹੇ ਅਧਿਕਾਰੀਆਂ ,ਜਵਾਨਾਂ ਤੇ ਪੰਜਾਬ ਪੁਲਿਸ ਦੇ ਜਵਾਨਾਂ ਦਾ ਸਨਮਾਨ ਕਰਦਿਆਂ ਕਿਹਾ ਕਿ ਉਨ•ਾਂ ਦੀ ਬਹਾਦਰੀ ਅਤੇ ਡਿਊਟੀ ਪ੍ਰਤੀ ਸਮਰਪਣ ਦੀ ਭਾਵਨਾ ਤੋਂ ਰਾਜ ਦੇ ਸਮੂਹ ਲੋਕਾਂ ਤੇ ਵਿਭਾਗ ਨੂੰ ਮਾਣ ਹੈ ।

Dispatch No  I/24670/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 527257 ਮੀਟਰਕ ਟਨ ਕਣਕ ਦੀ ਆਮਦ ਹੋਈ

ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 527207 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ

ਹੁਣ ਤੱਕ 453955 ਮੀਟਰਕ ਟਨ ਦੀ ਲਿਫਟਿੰਗ ਹੋਈ

ਫਰੀਦਕੋਟ 14 ਮਈ ( ) ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 527257 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ  ਏਜੰਸੀਆਂ ਵੱਲੋਂ   527207 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।ਉਨ•ਾਂ ਹੋਰ ਜਾਣਕਾਰੀ ਦਿੰਦੇ ਦੱਸਿਆ ਕਿ ਕਿ ਕੱਲ ਸ਼ਾਮ ਤੱਕ ਪਨਗ੍ਰੇਨ ਵੱਲੋਂ 155489 ਮੀਟਰਕ ਟਨ, ਮਾਰਕਫੈੱਡ ਵੱਲੋਂ 124060 ਮੀਟਰਕ ਟਨ,ਪਨਸਪ ਵੱਲੋਂ 123802ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 76140 ਮੀਟਰਿਕ ਟਨ ਅਤੇ ਐਫ ਸੀ ਆਈ ਵੱਲੋਂ 46044 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ ਲਿਫਟਿੰਗ ਦਾ ਕੰਮ ਵੀ ਤੇਜੀ ਨਾਲ ਚਲ ਰਿਹਾ ਹੈ।ਜਿਲੇ ਦੇ ਖਰੀਦ ਕੇਂਦਰਾਂ ਵਿੱਚੋਂ ਵਿਚ ਲਿਫਟਿੰਗ ਦੇ ਕੰਮ ਵਿਚ ਹੋਰ ਤੇਜੀ ਲਿਆਂਦੀ ਗਈ ਹੈ ਅਤੇ ਜ਼ਿਲੇ ਦੀਆਂ ਮੰਡੀਆਂ ਵਿਚੋਂ ਹੁਣ ਤੱਕ 453955  ਮੀਟਰਕ ਟਨ ਦੀ ਲਿਫਟਿੰਗ ਹੋ ਚੁੱਕੀ ਹੈ ।ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਮੰਡੀ ਵਿਚ ਕਣਕ ਲਿਆਉਣ ਲਈ 67 ਹਜ਼ਾਰ ਤੋਂ ਵੱਧ ਪਾਸ ਜਾਰੀ ਕੀਤੇ ਗਏ।

Dispatch No

I/24689/2020

ਦਫਤਰ ਜ਼ਿਲ•ਾ ਲੋਕ ਸੰਪਰਕ ਅਫਸਰ, ਫਰੀਦਕੋਟ

ਤੰਬਾਕੂ ਦਾ ਪ੍ਰਯੋਗ ਹੀ ਨਹੀ ਥੁੱਕਣਾ ਵੀ ਨੁਕਸਾਨਦਾਇਕ ਹੋ ਸਕਦਾ

ਫਰੀਦਕੋਟ 14 ਮਈ,2020 ( ) ਸਿਹਤ ਵਿਭਾਗ ਫਰੀਦਕੋਟ ਵੱਲੋਂ ਸਿਹਤ ਮੰਤਰੀ ਸ ਬਲਵੀਰ ਸਿੰਘ ਸਿੱਧੂ ਦੇ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਅਤੇ ਸਿਵਲ ਸਰਜਨ ਡਾ ਰਜਿੰਦਰ ਕੁਮਾਰ ਦੀ ਅਗਵਾਈ ਹੇਠ ਕਰੋਨਾ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਅਤੇ ਪ੍ਰਭਾਵਿਤ ਮਰੀਜ਼ਾਂ ਦੇ ਇਲਾਜ ਲਈ ਜਿਥੇ ਪੂਰੀ ਸਰਗਰਮੀ ਨਾਲ ਡਿਊਟੀ ਨਿਭਾਈ ਜਾ ਰਹੀ ਹੈ ਉਥੇ ਹੀ ਸਿਹਤ ਵਿਭਾਗ ਦੇ ਜ਼ਿਲਾ ਤੰਬਾਕੂ ਕੰਟਰੋਲ ਅਤੇ ਸੈਸੀਏਸ਼ਨ ਸੈੱਲ ਦੇ ਇੰਚਾਰਜ ਮੈਡੀਕਲ ਅਫਸਰ ਡਾ.ਪੁਸ਼ਪਿੰਦਰ ਸਿੰਘ ਕੂਕਾ ਅਤੇ ਡਾ.ਨੇਹਾ ਗੋਇਲ ਵੱਲੋਂ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਵੱਖ-ਵੱਖ ਸਰਗਰਮੀਆਂ ਆਯੋਜਿਤ ਕੀਤੀਆਂ ਜਾਂਦੀਆਂ ਹਨ।

ਤੰਬਾਕੂ ਕੰਟਰੋਲ ਸੈੱਲ ਬਲਾਕ ਨੋਡਲ ਅਫਸਰ ਬੀ.ਈ.ਈ ਡਾ.ਪ੍ਰਭਦੀਪ ਸਿੰਘ ਚਾਵਲਾ ਨੇ ਦੱਸਿਆ ਕਿ ਜ਼ਿਲਾ ਮੈਜਿਸਟ੍ਰੇਟ ਕੁਮਾਰ ਸੌਰਭ ਰਾਜ ਵੱਲੋਂ ਕੋਰੋਨਾ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਵਿਸ਼ੇਸ਼ ਹੁੱਕਮ ਜਾਰੀ ਕਰ ਧੂੰਆਂ ਰਹਿਤ ਤੰਬਾਕੂ,ਪਾਨ ਮਸਾਲਾ ਜਾਂ ਅਜਿਹੇ ਉਤਪਾਦ,ਜਿੰਨਾਂ ਨਾਲ ਕੋਰੋਨਾ ਵਾਇਰਸ ਦੇ ਅੱਗੇ ਫੈਲਣ ਦਾ ਖਤਰਾ ਹੋ ਸਕਦਾ ਹੈ,ਦੇ ਉਤਪਾਦਨ ਨਿਰਮਾਣ,ਅਯਾਤ ਨਿਰਯਾਤ,ਆਵਾਜਾਈ,ਵਿਕਰੀ,ਵੰਡ,ਭੰਡਾਰਨ ਅਤੇ ਇਸ਼ਤਿਹਾਰਬਾਜ਼ੀ ਤੇ ਰੋਕ ਲਗਾਈ ਸੀ।

ਉਨਾਂ ਦੱਸਿਆ ਕਿ ਐਸ.ਐਮ.ਓ ਡਾ.ਰਜੀਵ ਭੰਡਾਰੀ ਨੇ ਬਲਾਕ ਦੇ ਸਮੂਹ ਫੀਲਡ ਸਟਾਫ ਅਤੇ ਤੰਬਾਕੂਨੋਸ਼ੀ ਅਧੀਨ ਕੋਟਪਾ ਐਕਟ ਤਹਿਤ ਚਲਾਣ ਕੱਟਣ ਦੇ ਅਧਿਕਾਰਿਤ ਹੈਲਥ ਸੁਪਰਵਾਈਜ਼ਰਾਂ,ਨੋਡਲ ਅਫਸਰ ਨੂੰ ਆਪਣੇ ਅਧੀਨ ਆਉਂਦੀਆਂ ਦਾਣਾ ਮੰਡੀਆਂ ਅਤੇ ਹੋਰ ਜਨਤਕ ਸਥਾਨਾਂ ਦਾ ਦੌਰਾ ਕਰ ਲੋਕਾਂ ਨੂੰ ਤੰਬਾਕੂਨੋਸ਼ੀ ਦੇ ਨੁਕਸਾਨ ਅਤੇ ਖਾਸ ਕਰਕੇ ਕੋਵਿਡ-19 ਦੀ ਮਹਾਂਮਾਰੀ ਦੇ ਫੈਲਣ ਦੇ ਖਤਰੇ ਸਬੰਧੀ ਸੁਚੇਤ ਕਰਨ ਅਤੇ ਕਾਰਵਾਈ ਕਰਨ ਦੀ ਅਪੀਲ ਕੀਤੀ। ਡਾ.ਪ੍ਰਭਦੀਪ ਨੇ ਕਿਹਾ ਕਿ ਹੁਣ ਤਾਂ ਤੰਬਾਕੂ ਦਾ ਪ੍ਰਯੋਗ ਹੀ ਨਹੀ ਥੁੱਕਣਾ ਵੀ ਨੁਕਸਾਨਦਾਇਕ ਹੋ ਸਕਦਾ ਹੈ ਅਜਿਹਾ ਸੁਨੇਹਾ ਸਰਕਾਰ ਵੱਲੋਂ ਮੋਬਾਇਲ ਤੇ ਸੁਨੇਹਾ ਭੇਜ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਉਨਾਂ ਸਮੂਹ ਤੰਬਾਕੂ ਵਿਕ੍ਰੇਤਾਵਾਂ ਨੂੰ ਵੀ ਜ਼ਿਲਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੁਆਰਾ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਤੇ ਸਹਿਯੋਗ ਦੇਣ ਦੀ ਅਪੀਲ ਕੀਤੀ।

Dispatch No I/24721/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਇਕਾਂਤਵਾਸ ਕੀਤੇ ਵਿਅਕਤੀਆਂ ਨੂੰ ਕੋਵਾ ਐਪ ਡਾਊਨਲੋਡ ਕਰਨਾ ਯਕੀਨੀ ਬਣਾਵੇ ਸਟਾਫ-ਸਿਵਲ ਸਰਜਨ

ਸ੍ਰੀ ਹਜ਼ੂਰ ਸਾਹਿਬ ਤੋਂ ਪਰਤੀ 1 ਹੋਰ 55 ਸਾਲਾ ਔਰਤ ਨੇ ਕਰੋਨਾ ਖਿਲਾਫ ਜਿੱਤੀ ਜੰਗ

ਫਰੀਦਕੋਟ ਜ਼ਿਲੇ ਚੋਂ ਕੋਰੋਨਾ ਦੀ ਜਾਂਚ ਲਈ ਭੇਜੇ 90 ਸੈਂਪਲ ਪ੍ਰਾਪਤ ਹੋਈਆਂ 82 ਰਿਪੋਰਟਾਂ ਨੈਗੇਟਿਵ

332 ਸੈਂਪਲਾਂ ਦੇ ਰਿਪੋਰਟਾਂ ਦੀ ਹੈ ਉਡੀਕ

ਫਰੀਦਕੋਟ 14 ਮਈ,2020 ( ) ਅੱਜ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਵਿਖੇ ਸ੍ਰੀ ਹਜ਼ੂਰ ਸਾਹਿਬ ਤੋਂ ਪਰਤੀ ਸ਼ਰਧਾਲੂ ਪਿਆਰੋ ਕੌਰ (55) ਵਾਸੀ ਪਿੰਡ ਸੰਧਵਾ ਨੇ ਕੋਰੋਨਾ ਖਿਲਾਫ ਜੰਗ ਜਿੱਤ ਲਈ ਹੈ ਤੇ ਉਸ ਨੂੰ ਸਿਹਤਯਾਬ ਹੋਣ ਉਪਰੰਤ ਘਰ ਜਾਣ ਲਈ ਹਸਪਤਾਲ ਤੋਂ ਛੁੱਟੀ ਦਿੱਤੀ ਗਈ।

ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕੇ 90 ਹੋਰ ਵਿਅਕਤੀਆਂ ਦੇ ਸੈਂਪਲ ਇਕੱਤਰ ਕਰਕੇ ਲੈਬ ਵਿੱਚ ਭੇਜੇ ਗਏ ਹਨ।ਪ੍ਰਾਪਤ ਹੋਈਆਂ 82 ਵਿਅਕਤੀਆਂ ਦੀ ਰਿਪੋਰਟ ਨੈਗੇਟਿਵ ਆਈਆਂ ਹਨ।ਡਾ.ਰਜਿੰਦਰ ਨੇ ਦੱਸਿਆ ਕਿ ਅੱਜ ਤੱਕ ਸਿਹਤ ਵਿਭਾਗ ਵੱਲੋਂ 3142 ਸੈਂਪਲ ਇਕਤਰ ਕੀਤੇ ਗਏ ਹਨ,ਜਿੰਨਾਂ ਵਿੱਚੋਂ 2706 ਦੀ ਰਿਪੋਰਟ ਨੈਗੇਟਿਵ ਆਈ ਹੈ। ਡਾ.ਰਜਿੰਦਰ ਨੇ ਕਿਹਾ ਕਿ ਸਿਹਤ ਮੰਤਰੀ ਬਲਵੀਰ ਸਿੰਘ ਸਿੱਧੂ ਅਤੇ ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲੇ ਅੰਦਰ ਸਿਹਤ ਵਿਭਾਗ ਵੱਲੋਂ ਕੋਵਿਡ-19 ਦੇ ਸਬੰਧ ਵਿਚ ਸ਼ੱਕੀ ਮਰੀਜ਼ਾਂ ਦੀ ਭਾਲ ਲਈ ਸਰਵੇ ਅਤੇ ਸਕਰੀਨਿੰਗ ਕੀਤੀ ਜਾ ਰਹੀ ਹੈ। ਸਥਾਪਿਤ ਫਲੂ ਕਾਰਨਰ ਅਤੇ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਦੇ ਸੰਪਰਕ ਵਿੱਚ ਆਏ ਵਿਅਕਤੀਆਂ ਦੇ ਸੈਂਪਲ ਇਕੱਤਰ ਕਰਨ ਦਾ ਕੰਮ ਚੱਲ ਰਿਹਾ ਹੈ।ਬਾਹਰਲੇ ਸੂਬੇ ਤੋਂ ਆਏ ਵਿਅਕਤੀਆਂ ਲਈ ਵਿਸ਼ੇਸ਼ ਇਕਾਂਤਵਾਸ ਸੈਂਟਰਾਂ ਵਿੱਚ ਰਹਿਣ ਸਹਿਣ,ਖਾਣ-ਪੀਣ, ਮੈਡੀਕਲ ਜਾਂਚ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਇਹਨਾਂ ਪ੍ਰਬੰਧਾਂ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਵੀ ਲਗਾਈ ਗਈ ਹੈ।ਡਾ.ਰਜਿੰਦਰ ਨੇ ਕੋਰੋਨਾ ਦੀ ਜੰਗ ਵਿੱਚ ਸ਼ਾਨਦਾਰ ਸੇਵਾਵਾਂ ਨਿਭਾ ਰਹੇ ਮੈਡੀਕਲ,ਪੈਰਾ-ਮੈਡੀਕਲ ਅਤੇ ਮਾਸ ਮੀਡੀਆ ਸਟਾਫ ਦੀ ਹੌਸਲਾ ਅਫਜਾਈ ਕੀਤੀ ਉਨ੍ਹਾਂ ਸਮੂਹ ਫੀਲਡ ਸਟਾਫ ਨੂੰ ਹਦਾਇਤ ਕੀਤੀ

ਕਿ ਘਰਾਂ ਵਿੱਚ ਇਕਾਂਤਵਾਸ ਕੀਤੇ ਜਾ ਰਹੇ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਨੂੰ ਕੋਵਾ ਐਪ ਡਾਊਨਲੋਡ ਕਰਨਾ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਮੈਡੀਕਲ ਸੁਪਰਡੈਂਟ ਡਾ ਰਾਜੀਵ ਜੋਸ਼ੀ ਨੇ ਦੱਸਿਆ ਕਿ ਹੁਣ ਫਰੀਦਕੋਟ ਵਿਖੇ ਐਕਟਿਵ ਮਰੀਜ਼ਾਂ ਦੀ ਗਿਣਤੀ 41 ਰਹਿ ਗਈ ਹੈ।ਉਨ੍ਹਾਂ ਹੋਰ ਦੱਸਿਆ ਕਿ 40 ਮਰੀਜ਼ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਹਸਪਤਾਲ ਫਰੀਦਕੋਟ ਵਿਖੇ ਆਈਸੋਲੇਸ਼ਨ ਵਾਰਡ ਵਿੱਚ ਜੇਰੇ ਇਲਾਜ ਹਨ।